Tape/CD: 1325

ਪੰਨਾ ੯੧੧-੯੧੨

## ਰਾਮਕਲੀ ਮਹਲਾ ੫ ਅਸਟਪਦੀਆ

ਕਿਨਹੀ ਕੀਆ ਪਰਵਿਰਤਿ ਪਸਾਰਾ ॥ ਕਿਨਹੀ ਕੀਆ ਪੂਜਾ ਬਿਸਥਾਰਾ ॥ ਕਿਨਹੀ ਨਿਵਲ ਭੁਇਅੰਗਮ ਸਾਧੇ ॥ ਮੋਹਿ ਦੀਨ ਹਰਿ ਹਰਿ ਆਰਾਧੇ ॥ ੧ ॥ ਤੇਰਾ ਭਰੋਸਾ ਪਿਆਰੇ ॥ ਆਨ ਨ ਜਾਨਾ ਵੇਸਾ ॥ ੧ ॥ ਰਹਾਉ ॥ ਕਿਨਹੀ ਗ੍ਰਿਹੁ ਤਜਿ ਵਣ ਖੰਡਿ ਪਾਇਆ ॥ ਕਿਨਹੀ ਮੋਨਿ ਅਉਧੂਤੁ ਸਦਾਇਆ ॥ ਕੋਈ ਕਹਤਉ ਅਨੰਨਿ ਭਗਉਤੀ ॥ ਮੋਹਿ ਦੀਨ ਹਰਿ ਹਰਿ ਓਟ ਲੀਤੀ ॥ ੨ ॥ ਕਿਨਹੀ ਕਹਿਆ ਹਉ ਤੀਰਥ ਵਾਸੀ ॥ ਕੋਈ ਅੰਨੁ ਤਜਿ ਭਇਆ ਉਦਾਸੀ ॥ ਕਿਨਹੀ ਭਵਨੁ ਸਭ ਧਰਤੀ ਕਰਿਆ ॥ ਮੋਹਿ ਦੀਨ ਹਰਿ ਹਰਿ ਦਰਿ ਪਰਿਆ ॥ ੩ ॥ ਕਿਨਹੀ ਕਹਿਆ ਮੈ ਕੁਲਹਿ ਵਡਿਆਈ ॥ ਕਿਨਹੀ ਕਹਿਆ ਬਾਹ ਬਹੁ ਭਾਈ ॥ ਕੋਈ ਕਹੈ ਮੈ ਧਨਹਿ ਪਸਾਰਾ ॥ ਮੋਹਿ ਦੀਨ ਹਰਿ ਹਰਿ ਆਧਾਰਾ ॥ ੪ ॥ ਕਿਨਹੀ ਘੂਘਰ ਨਿਰਤਿ ਕਰਾਈ ॥ ਕਿਨਹੂ ਵਰਤ ਨੇਮ ਮਾਲਾ ਪਾਈ ॥ ਕਿਨਹੀ ਤਿਲਕੁ ਗੋਪੀ ਚੰਦਨ ਲਾਇਆ ॥ ਮੋਹਿ ਦੀਨ ਹਰਿ ਹਰਿ ਹਰਿ ਧਿਆਇਆ ॥ ੫ ॥ ਕਿਨਹੀ ਸਿਧ ਬਹੁ ਚੇਟਕ ਲਾਏ ॥ ਕਿਨਹੀ ਭੇਖ ਬਹੁ ਥਾਟ ਬਨਾਏ ॥ ਕਿਨਹੀ ਤੰਤ ਮੰਤ ਬਹੁ ਖੇਵਾ ॥ ਮੋਹਿ ਦੀਨ ਹਰਿ ਹਰਿ ਹਰਿ ਸੇਵਾ ॥ ੬ ॥ ਕੋਈ ਚਤੁਰੁ ਕਹਾਵੈ ਪੰਡਿਤ ॥ ਕੋ ਖਟੁ ਕਰਮ ਸਹਿਤ ਸਿਉ ਮੰਡਿਤ ॥ ਕੋਈ ਕਰੈ ਆਚਾਰ ਸੁਕਰਣੀ ॥ ਮੋਹਿ ਦੀਨ ਹਰਿ ਹਰਿ ਹਰਿ ਸਰਣੀ ॥ ੭ ॥ ਸਗਲੇ ਕਰਮ ਧਰਮ ਜੁਗ ਸੋਧੇ ॥ ਬਿਨੁ ਨਾਵੈ ਇਹੁ ਮਨੁ ਨ ਪ੍ਰਬੋਧੇ ॥ **ਕਹੁ ਨਾਨਕ ਜਉ ਸਾਧਸੰਗੁ ਪਾਇਆ ॥** ਬੂਝੀ ਤ੍ਰਿਸਨਾ ਮਹਾ ਸੀਤਲਾਇਆ ॥ ੮ ॥ ੧ ॥

Tape/CD: 1325

ਪੰਨਾ ੭੦-੭੧

ਸਿਰੀਰਾਗੁ ਮਹਲਾ ੫ ॥ ਜਾ ਕਉ ਮੁਸਕਲੁ ਅਤਿ ਬਣੈ ਢੋਈ ਕੋਇ ਨ ਦੇਇ ॥ ਲਾਗੂ ਹੋਏ ਦੁਸਮਨਾ ਸਾਕ ਭਿ ਭਜਿ ਖਲੇ ॥
ਸਭੋ ਭਜੈ ਆਸਰਾ ਚੁਕੈ ਸਭੁ ਅਸਰਾਉ ॥ ਚਿਤਿ ਆਵੈ ਓਸੁ ਪਾਰਬ੍ਰਹਮੁ ਲਗੈ ਨ ਤਤੀ ਵਾਉ ॥ ੧ ॥ ਸਾਹਿਬੁ ਨਿਤਾਣਿਆ ਕਾ
ਤਾਣੁ ॥ ਆਇ ਨ ਜਾਈ ਥਿਰੁ ਸਦਾ ਗੁਰ ਸਬਦੀ ਸਚੁ ਜਾਣੁ ॥ ੧ ॥ ਰਹਾਉ ॥ ਜੇ ਕੋ ਹੋਵੈ ਦੁਬਲਾ ਨੰਗ ਭੁਖ ਕੀ ਪੀਰ ॥
ਦਮੜਾ ਪਲੈ ਨਾ ਪਵੈ ਨਾ ਕੋ ਦੇਵੈ ਧੀਰ ॥ ਸੁਆਰਥੁ ਸੁਆਉ ਨ ਕੋ ਕਰੇ ਨਾ ਕਿਛੁ ਹੋਵੈ ਕਾਜੁ ॥ ਚਿਤਿ ਆਵੈ ਓਸੁ ਪਾਰਬ੍ਰਹਮੁ
ਤਾ ਨਿਹਚਲੁ ਹੋਵੈ ਰਾਜੁ ॥ ੨ ॥ ਜਾ ਕਉ ਚਿੰਤਾ ਬਹੁਤੁ ਬਹੁਤੁ ਦੇਹੀ ਵਿਆਪੈ ਰੋਗੁ ॥ ਗ੍ਰਿਸਤਿ ਕੁਟੰਬਿ ਪਲੇਟਿਆ ਕਦੇ ਹਰਖੁ
ਕਦੇ ਸੋਗੁ ॥ ਗਉਣੁ ਕਰੇ ਚਹੁ ਕੁੰਟ ਕਾ ਘੜੀ ਨ ਬੈਸਣੁ ਸੋਇ ॥ ਚਿਤਿ ਆਵੈ ਓਸੁ ਪਾਰਬ੍ਰਹਮੁ ਤਨੁ ਮਨੁ ਸੀਤਲੁ ਹੋਇ ॥ ੩ ॥
ਕਾਮਿ ਕਰੋਧਿ ਮੋਹਿ ਵਸਿ ਕੀਆ ਕਿਰਪਨ ਲੋਭਿ ਪਿਆਰੁ ॥ ਚਾਰੇ ਕਿਲਵਿਖ ਉਨਿ ਅਘ ਕੀਏ ਹੋਆ ਅਸੁਰ ਸੰਘਾਰੁ ॥ ਪੋਥੀ
ਗੀਤ ਕਵਿਤ ਕਿਛੁ ਕਦੇ ਨ ਕਰਨਿ ਧਰਿਆ ॥ ਚਿਤਿ ਆਵੈ ਓਸੁ ਪਾਰਬ੍ਰਹਮੁ ਤਾ ਨਿਮਖ ਸਿਮਰਤ ਤਰਿਆ ॥ ੪ ॥ ਸਾਸਤ
ਸਿੰਮ੍ਰਿਤਿ ਬੇਦ ਚਾਰਿ ਮੁਖਾਗਰ ਬਿਚਰੇ ॥ ਤਪੇ ਤਪੀਸਰ ਜੋਗੀਆ ਤੀਰਥਿ ਗਵਨੁ ਕਰੇ ॥ ਖਟੁ ਕਰਮਾ ਤੇ ਦੁਗੁਣੇ ਪੂਜਾ ਕਰਤਾ
ਨਾਇ ॥ ਰੰਗੁ ਨ ਲਗੀ ਪਾਰਬ੍ਰਹਮ ਤਾ ਸਰਪਰ ਨਰਕੇ ਜਾਇ ॥ ੫ ॥ ਰਾਜ ਮਿਲਕ ਸਿਕਦਾਰੀਆ ਰਸ ਭੋਗਣ ਬਿਸਥਾਰ ॥
ਬਾਗ ਸੁਹਾਵੇ ਸੋਹਣੇ ਚਲੈ ਹੁਕਮੁ ਅਫਾਰ ॥ ਰੰਗ ਤਮਾਸੇ ਬਹੁ ਬਿਧੀ ਚਾਇ ਲਗਿ ਰਹਿਆ ॥ ਚਿਤਿ ਨ ਆਇਓ ਪਾਰਬ੍ਰਹਮੁ ਤਾ
ਸਰਪ ਕੀ ਜੂਨਿ ਗਇਆ ॥ ੬ ॥ ਬਹੁਤੁ ਧਨਾਢਿ ਅਚਾਰਵੰਤੁ ਸੋਭਾ ਨਿਰਮਲ ਰੀਤਿ ॥ ਮਾਤ ਪਿਤਾ ਸੁਤ ਭਾਈਆ ਸਾਜਨ
ਸੰਗਿ ਪਰੀਤਿ ॥ ਲਸਕਰ ਤਰਕਸਬੰਦ ਬੰਦ ਜੀਉ ਜੀਉ ਸਗਲੀ ਕੀਤ ॥ ਚਿਤਿ ਨ ਆਇਓ ਪਾਰਬ੍ਰਹਮੁ ਤਾ ਖੜਿ ਰਸਾਤਲਿ
ਦੀਤ ॥ ੭ ॥ ਕਾਇਆ ਰੋਗੁ ਨ ਛਿਦ੍ਰੁ ਕਿਛੁ ਨਾ ਕਿਛੁ ਕਾੜਾ ਸੋਗੁ ॥ ਮਿਰਤੁ ਨ ਆਵੀ ਚਿਤਿ ਤਿਸੁ ਅਹਿਨਿਸਿ ਭੋਗੈ ਭੋਗੁ ॥
ਸਭ ਕਿਛੁ ਕੀਤੋਨੁ ਆਪਣਾ ਜੀਇ ਨ ਸੰਕ ਧਰਿਆ ॥ ਚਿਤਿ ਨ ਆਇਓ ਪਾਰਬ੍ਰਹਮੁ ਜਮਕੰਕਰ ਵਸਿ ਪਰਿਆ ॥ ੮ ॥
ਕਿਰਪਾ ਕਰੇ ਜਿਸੁ ਪਾਰਬ੍ਰਹਮੁ ਹੋਵੈ ਸਾਧੂ ਸੰਗੁ ॥ ਜਿਉ ਜਿਉ ਓਹੁ ਵਧਾਈਐ ਤਿਉ ਤਿਉ ਹਰਿ ਸਿਉ ਰੰਗੁ ॥ ਦੁਹਾ ਸਿਰਿਆ
ਕਾ ਖਸਮੁ ਆਪਿ ਅਵਰੁ ਨ ਦੂਜਾ ਥਾਉ ॥ ਸਤਿਗੁਰ ਤੁਠੈ ਪਾਇਆ ਨਾਨਕ ਸਚਾ ਨਾਉ ॥ ੯ ॥ ੧ ॥ ੨੬ ॥

Tape/CD: 1325

# ਪੰਨਾ ੪੯੩-੪੯੪

ਗੂਜਰੀ ਮਹਲਾ ੪ ॥ ਗੁਰਮੁਖਿ ਸਖੀ ਸਹੇਲੀ ਮੇਰੀ ਮੋ ਕਉ ਦੇਵਹੁ ਦਾਨੁ ਹਰਿ ਪ੍ਰਾਨ ਜੀਵਾਇਆ ॥ ਹਮ ਹੋਵਹ ਲਾਲੇ ਗੋਲੇ ਗੁਰਸਿਖਾ ਕੇ ਜਿਨ੍ਹਾ ਅਨਦਿਨੁ ਹਰਿ ਪ੍ਰਭੁ ਪੁਰਖੁ ਧਿਆਇਆ ॥ ੧ ॥ ਮੇਰੈ ਮਨਿ ਤਨਿ ਬਿਰਹੁ ਗੁਰਸਿਖ ਪਗ ਲਾਇਆ ॥ ਮੇਰੇ ਪ੍ਰਾਨ ਸਖਾ ਗੁਰ ਕੇ ਸਿਖ ਭਾਈ ਮੋ ਕਉ ਕਰਹੁ ਉਪਦੇਸੁ ਹਰਿ ਮਿਲੈ ਮਿਲਾਇਆ ॥ ੧ ॥ ਰਹਾਉ ॥ ਜਾ ਹਰਿ ਪ੍ਰਭ ਭਾਵੈ ਤਾ ਗੁਰਮੁਖਿ ਮੇਲੇ ਜਿਨ੍ ਵਚਨ ਗੁਰੂ ਸਤਿਗੁਰ ਮਨਿ ਭਾਇਆ ॥ ਵਡਭਾਗੀ ਗੁਰ ਕੇ ਸਿਖ ਪਿਆਰੇ ਹਰਿ ਨਿਰਬਾਣੀ ਨਿਰਬਾਣ ਪਦੁ ਪਾਇਆ ॥ ੨ ॥ ਸਤਸੰਗਤਿ ਗੁਰ ਕੀ ਹਰਿ ਪਿਆਰੀ ਜਿਨ ਹਰਿ ਹਰਿ ਨਾਮੁ ਮੀਠਾ ਮਨਿ ਭਾਇਆ ॥ **ਜਿਨ ਸਤਿਗੁਰ ਸੰਗਤਿ ਸੰਗੁ ਨ ਪਾਇਆ ਸੇ ਭਾਗਹੀਣ ਪਾਪੀ ਜਮਿ ਖਾਇਆ ॥ ੩ ॥** ਆਪਿ ਕ੍ਰਿਪਾਲੁ ਕ੍ਰਿਪਾ ਪ੍ਰਭੁ ਧਾਰੇ ਹਰਿ ਆਪੇ ਗੁਰਮੁਖਿ ਮਿਲੈ ਮਿਲਾਇਆ ॥ ਜਨੁ ਨਾਨਕੁ ਬੋਲੇ ਗੁਣ ਬਾਣੀ ਗੁਰਬਾਣੀ ਹਰਿ ਨਾਮਿ ਸਮਾਇਆ ॥ ੪ ॥ ੫ ॥